ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਨਸ਼ਿਆਂ ਖਿਲਾਫ ਕਾਰਵਾਈ



24 ਘੰਟਿਆਂ ਦੌਰਾਨ ਵੱਖ ਵੱਖ ਥਾਣਿਆਂ ਵਿੱਚ 06 ਮੁਕਦਮੇ ਦਰਜ ਕਰਕੇ 14500 ਗੋਲੀਆਂ, 700 ਗ੍ਰਾਮ ਅਫ਼ੀਮ, 34 ਬੋਤਲਾਂ ਨਜਾਇਜ਼ ਸ਼ਰਾਬ ਅਤੇ 10 ਕਿਲੋ ਭੁੱਕੀ ਚੂਰਾ ਪੋਸਤ ਸਮੇਤ 10 ਵਿਅਕਤੀ ਕੀਤਾ ਕਾਬੂ

ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਿਸ ਮੁੱਖੀ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ. ਦੀ ਅਗਵਾਈ ਹੇਠ ਸ਼ਰਾਰਤੀ ਅਨਸਰਾਂ ਖਿਲਾਫ ਅਤੇ ਨਸ਼ਿਆਂ ਖਿਲਾਫ ਵਿੱਢੀ ਮਹਿਮ ਤਹਿਤ 24 ਘੰਟਿਆਂ ਦੌਰਾਨ ਵੱਖ ਵੱਖ ਥਾਣਿਆਂ ਵਿੱਚ 06 ਮੁਕਦਮੇ ਦਰਜ ਕਰ 10 ਵਿਅਕਤੀਆਂ ਨੂੰ ਕਾਬੂ ਕੀਤਾ ਹੈ ਜਿਨ੍ਹਾਂ ਪਾਸੋਂ 14500 ਗੋਲੀਆਂ 700 ਗ੍ਰਾਮ ਅਫ਼ੀਮ 34 ਬੋਤਲਾਂ ਨਜਾਇਜ਼ ਸ਼ਰਾਬ ਅਤੇ 10 ਕਿਲੋ ਭੁੱਕੀ ਚੂਰਾ ਪੋਸਤ ਬਰਾਮਦ ਕੀਤਾ ਗਿਆ ਹੈ।